ਸਥਾਨਕ ਸਰਕਾਰ ਵਿਭਾਗ
(ਸਥਾਨਕ ਸਰਕਾਰ-3 ਸ਼ਾਖਾ)
**ਅਧਿਸੂਚਨਾ**

ਨੰ: 16/3/2020-4ਸਸ3/675 ਮਿਤੀ,ਚੰਡੀਗੜ੍ਹ: 18-02-2020

ਜਿਵੇਂ ਕਿ ਨਗਰ ਪੰਚਾਇਤ, ਬਾਲਿਆਂਵਾਲੀ ਵੱਲੋ "ਦੀ ਪੰਜਾਬ ਪਰੋਹਿਬੀਸ਼ਨ ਆਫ ਕਾਓ ਸਲਾਟਰ ਐਕਟ 1955" (15 ਆਫ 1956) ਦੀ ਧਾਰਾ 7 ਅਧੀਨ ਆਪਣੇ ਮਤਾ ਨੰ: 19 ਮਿਤੀ; 30.9.2015 ਰਾਹੀਂ ਕਾਓ ਸੈਸ ਲਗਾਉਣਾ ਪ੍ਰਵਾਨ ਕੀਤਾ ਹੈ। ਇਸ ਦੇ ਸਬੰਧ ਵਿੱਚ ਅਖਬਾਰ ਰਾਹੀਂ ਜਨਤਕ ਸੂਚਨਾ ਪ੍ਰਕਾਸ਼ਿਤ ਕਰਵਾ ਕੇ ਆਮ ਜਨਤਾ ਪਾਸੋਂ ਇਤਰਾਜ ਅਤੇ ਸੁਝਾਓ ਮੰਗੇ ਗਏ ਸਨ, ਇਤਰਾਜ ਪ੍ਰਾਪਤ ਨਾ ਹੋਣ ਕਾਰਨ ਨਗਰ ਪੰਚਾਇਤ, ਬਾਲਿਆਂਵਾਲੀ ਵੱਲੋ ਮਤਾ ਨੰ: 22 ਮਿਤੀ; 20.5.2016 ਨੂੰ ਫਾਈਨਲ ਨੋਟੀਫਿਕੇਸ਼ਨ ਕਰਾਉਣ ਲਈ ਮਤਾ ਲਗਾਉਣਾ ਪ੍ਰਵਾਨ ਕੀਤਾ ਗਿਆ।

2. ਇਸ ਲਈ ਹੁਣ "ਦੀ ਪੰਜਾਬ ਪਰੋਹਿਬੀਸ਼ਨ ਆਫ ਕਾਓ ਸਲਾਟਰ ਐਕਟ 1955" (15 ਆਫ 1956) ਦੀ ਧਾਰਾ 7 ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਪੰਜਾਬ ਦੇ ਰਾਜਪਾਲ ਪ੍ਰਸੰਨਤਾ ਪੂਰਵਕ ਘੋਸ਼ਣਾ ਕਰਦੇ ਹਨ ਕਿ ਨਗਰ ਪੰਚਾਇਤ, ਬਾਲਿਆਂਵਾਲੀ ਦੇ ਖੇਤਰ ਵਿਖੇ ਹੇਠ ਲਿਖੀਆਂ ਵਸਤਾਂ ਦੀ ਵਿਕਰੀ ਉਤੇ **ਫੀਸ** (ਕਾਓ ਸੈਸ) ਲਾਗੂ ਹੋਵੇਗਾ ਜਿਸ ਦੀਆਂ ਕੁਲੈਕਟਿੰਗ ਏਜੰਸੀਆਂ ਹੇਠਾਂ ਦਿਤੇ ਟੇਬਲ ਵਿਚ ਘੋਸ਼ਿਤ ਕੀਤੀਆਂ ਜਾਂਦੀਆਂ ਹਨ:-

| ਲੜੀ ਨੰ: | ਆਈਟਮ ਦਾ ਨਾਮ | ਪ੍ਰਤੀ ਆਈਟਮ ਫੀਸ (ਕਾਓ ਸੈਸ) | ਕੁਲੈਕਟਿੰਗ ਏਜੰਸੀ ਦਾ ਨਾਮ |
|---|---|---|---|
| 1 | ਬਿਜਲੀ ਪ੍ਰਤੀ ਯੂਨਿਟ | 2 ਪੈਸੇ | ਨਿਗਰਾਨ ਇੰਜੀਨੀਅਰ ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਲਿਮਟਿਡ, ਬਠਿੰਡਾ |
| 2 | ਸੀਮਿੰਟ ਪ੍ਰਤੀ ਬੈਗ | 01/- ਰੁਪਏ | ਸਹਾਇਕ ਕਮਿਸ਼ਨਰ ਕਰ ਤੇ ਆਬਕਾਰੀ ਵਿਭਾਗ, ਬਠਿੰਡਾ |
| 3 | ਮੈਰਿਜ ਪੈਲਿਸ ਪ੍ਰਤੀ ਫੰਕਸ਼ਨ | 500/- ਰੁਪਏ | ਨਗਰ ਪੰਚਾਇਤ, ਬਾਲਿਆਂਵਾਲੀ |
| 4 | ਫੋਰ ਵ੍ਹੀਲਰ ਗੱਡੀ ਪ੍ਰਤੀ ਵਹੀਕਲ ਦੀ ਵਿਕਰੀ ਤੇ | 300/- ਰੁਪਏ | ਰੀਜਨਲ ਟਰਾਂਸਪੋਰਟ ਅਥਾਰਟੀ, ਬਠਿੰਡਾ |
| 5 | ਦੋ ਵ੍ਹੀਲਰ ਗੱਡੀ ਪ੍ਰਤੀ ਵਹੀਕਲ ਦੀ ਵਿਕਰੀ ਤੇ | 200/- ਰੁਪਏ | ਰੀਜਨਲ ਟਰਾਂਸਪੋਰਟ ਅਥਾਰਟੀ, ਬਠਿੰਡਾ |

ਨੋਟ: ਸ਼ਰਾਬ/ਬੀਅਰ ਤੇ ਕਰ ਵਿਭਾਗ ਵਲੋਂ ਲਾਇਸੰਸ **ਫੀਸ** ਲਗਾਈ ਗਈ ਹੈ। ਇਹ ਆਮਦਨ ਕਾਓ ਸੈਸ ਦੇ ਰੱਖ-ਰਖਾਓ ਲਈ ਵਰਤੀ ਜਾਣੀਹੈ।

ਮਿਤੀ: 13.02.2020
ਸਥਾਨ: ਚੰਡੀਗੜ੍ਹ

ਸੰਜੇ ਕੁਮਾਰ, ਆਈ.ਏ.ਐਸ.
ਵਧੀਕ ਮੁੱਖ ਸਕੱਤਰ, ਪੰਜਾਬ ਸਰਕਾਰ,
ਸਥਾਨਕ ਸਰਕਾਰ ਵਿਭਾਗ

ਪਿੱਠ ਅੰਕਣ ਨੰ: 16/3/2020-4ਸਸ3/676 ਮਿਤੀ,ਚੰਡੀਗੜ੍ਹ: 18-02-2020

ਇਸ ਦਾ ਇੱਕ ਉਤਾਰਾ ਕੰਟਰੋਲਰ, ਛਪਾਈ ਤੇ ਲਿਖਣ ਸਮੱਗਰੀ ਵਿਭਾਗ, ਪੰਜਾਬ, ਐਸ.ਏ.ਐਸ. ਨਗਰ (ਮੋਹਾਲੀ) ਨੂੰ ਭੇਜ ਕੇ ਬੇਨਤੀ ਕੀਤੀ ਜਾਂਦੀ ਹੈ ਕਿ ਇਸ ਅਧਿਸੂਚਨਾ ਨੂੰ ਪੰਜਾਬ ਸਰਕਾਰ ਦੇ ਅਸਾਧਾਰਣ ਗਜ਼ਟ ਵਿੱਚ ਛਾਪਣ ਦੀ ਖੇਚਲ ਕੀਤੀ ਜਾਵੇ ਅਤੇ ਇਸ ਦੀਆਂ 10 ਕਾਪੀਆਂ ਸਰਕਾਰ ਨੂੰ ਰਿਕਾਰਡ ਲਈ ਭੇਜ ਦਿੱਤੀਆ ਜਾਣ।

ਜਸਪ੍ਰੀਤ ਪਰਮਾਰ

ਅਧੀਨ ਸਕੱਤਰ, ਸਥਾਨਕ ਸਰਕਾਰ

ਪਿੱਠ ਅੰਕਣ ਨੰ: 16/3/2020-4ਸਸ3/ ਮਿਤੀ,ਚੰਡੀਗੜ੍ਹ:

ਉਪਰੋਕਤ ਦਾ ਇੱਕ ਉਤਾਰਾ ਹੇਠ ਲਿਖਿਆ ਨੂੰ ਸੂਚਨਾ ਅਤੇ ਲੋੜੀਂਦੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ :-

1 ਵਿਤੀ ਕਮਿਸ਼ਨਰ, ਕਰ ਅਤੇ ਆਬਕਾਰੀ ਵਿਭਾਗ, ਪੰਜਾਬ ਚੰਡੀਗੜ੍ਹ;
2 ਪ੍ਰਮੁੱਖ ਸਕੱਤਰ, ਟਰਾਂਸਪੋਰਟ, ਪੰਜਾਬ, ਚੰਡੀਗੜ੍ਹ;
3 ਡਾਇਰੈਕਟਰ, ਸਥਾਨਕ ਸਰਕਾਰ ਵਿਭਾਗ, ਪੰਜਾਬ, ਚੰਡੀਗੜ੍ਹ;
4 ਚੇਅਰਮੇਨ,ਪੰਜਾਬ ਸਟੇਟ ਟਰਾਂਸਪੋਰਟ ਕਮਿਸ਼ਨਰ, ਪੰਜਾਬ, ਚੰਡੀਗੜ੍ਹ;
5 ਚੇਅਰਮੈਨ, ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਲਿਮਟਿਡ, ਪਟਿਆਲਾ।
6 ਡਿਪਟੀ ਕਮਿਸ਼ਨਰ, ਬਠਿੰਡਾ।
7 ਰੀਜਨਲ ਡਿਪਟੀ ਡਾਇਰੈਕਟਰ, ਸਥਾਨਕ ਸਰਕਾਰ, ਬਠਿੰਡਾ।
8 ਉਪ-ਮੰਡਲ ਮੈਜਿਸਟਰੇਟ, ਮੌੜ ਮੰਡੀ।
9 ਕਾਰਜ ਸਾਧਕ ਅਫਸਰ, ਨਗਰ ਪੰਚਾਇਤ, ਬਾਲਿਆਂਵਾਲੀ।
10 ਪ੍ਰੀਖਕ, ਲੋਕਲ ਫੰਡ ਅਕਾਊਂਟਸ, ਪੰਜਾਬ, ਚੰਡੀਗੜ੍ਹ
11 ਦਫਤਰ ਟਾਊਨ ਪਲੈਨਰ, ਟਾਊਨ ਪਲੈਨਿੰਗ ਵਿੰਗ, ਸਥਾਨਕ ਸਰਕਾਰ ਵਿਭਾਗ, ਪੰਜਾਬ, ਚੰਡੀਗੜ੍ਹ;
12 ਸਹਾਇਕ ਕਮਿਸ਼ਨਰ ਕਰ ਤੇ ਆਬਕਾਰੀ, ਬਠਿੰਡਾ।
13 ਰੀਜ਼ਨਲ ਟਰਾਂਸਪੋਰਟ ਅਥਾਰਟੀ, ਬਠਿੰਡਾ।
14 ਜਿਲ੍ਹਾ ਖੁਰਾਕ ਅਤੇ ਸਪਲਾਈ ਕੰਟਰੋਲਰ, ਬਠਿੰਡਾ।

ਅਧੀਨ ਸਕੱਤਰ, ਸਥਾਨਕ ਸਰਕਾਰ